# ਇੱਕ ਜਨਤਕ ਜਗ੍ਹਾ ਤੋਂ ਲਭੇ ਮਾਨਸਿਕ ਤੌਰ ਤੇ ਬੀਮਾਰ ਵਿਅਕਤੀਆਂ ਦਾ ਦਾਖ਼ਲਾ

(ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) 1983 ਦਾ ਸੈਕਸ਼ਨ 136)

| | |
|---|---|
| 1. ਮਰੀਜ਼ ਦਾ ਨਾਂਅ | |
| 2. ਹਸਪਤਾਲ ਅਤੇ ਵਾਰਡ ਦਾ ਨਾਂਅ | |

## ਮੈਂ ਹਸਪਤਾਲ ਵਿੱਚ ਕਿਉਂ ਹਾਂ ?

ਤੁਸੀਂ ਇਸ ਹਸਪਤਾਲ ਵਿੱਚ ਇੱਕ ਪੁਲੀਸ ਅਧਿਕਾਰੀ ਵਲੋਂ ਲਿਆਏ ਗਏ ਹੋ, ਕਿਉਂਕਿ ਉਨ੍ਹਾਂ ਨੂੰ ਇਹ ਚਿੰਤਾ ਹੈ ਕਿ ਤੁਹਾਨੂੰ ਮਾਨਸਿਕ ਬੀਮਾਰੀ ਹੈ, ਅਤੇ ਤੁਹਾਡਾ ਮਾਨਸਿਕ ਸਿਹਤ ਦੇ ਇੱਕ ਪੇਸ਼ਾਵਰ ਵਲੋਂ ਮੁਆਇਨਾ ਕੀਤਾ ਜਾਣਾ ਚਾਹੀਦਾ ਹੈ।

ਤੁਹਾਨੂੰ ਇੱਥੇ 1983 ਦੇ ਮੈਂਟਰ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਦੇ ਸੈਕਸ਼ਨ 136 ਤਹਿਤ ਰੱਖਿਆ ਜਾ ਰਿਹਾ ਹੈ, ਤਾਂ ਜੋ ਇਹ ਵੇਖਣ ਲਈ ਕਿ ਕੀ ਤੁਹਾਨੂੰ ਇਲਾਜ ਦੀ ਜ਼ਰੂਰਤ ਹੈ, ਤੁਹਾਡਾ ਮੁਲਾਂਕਣ ਕੀਤਾ ਜਾ ਸਕੇ।

## ਮੈਨੂੰ ਇੱਥੇ ਕਿੰਨੀ ਦੇਰ ਰਹਿਣਾ ਪਏਗਾ ?

ਤੁਹਾਨੂੰ ਇੱਥੇ (ਜਾਂ ਕਿਸੇ ਹੋਰ ਥਾਂ ਤੋਂ ਜਿੱਥੇ ਤੁਸੀਂ ਸੁਰੱਖਿਅਤ ਹੋਵੋਗੇ) 72 ਘੰਟਿਆਂ ਤਕ ਰੱਖਿਆ ਜਾ ਸਕਦਾ ਹੈ, ਤਾਂ ਜੋ ਇੱਕ ਡਾਕਟਰ ਅਤੇ ਮਾਨਸਿਕ ਸਿਹਤ ਬਾਰੇ ਮਾਨਤਾ ਪ੍ਰਾਪਤ ਪੇਸ਼ਾਵਰ ਤੁਹਾਡਾ ਮੁਆਇਨਾ ਕਰ ਸਕੇ।

ਮਾਨਸਿਕ ਸਿਹਤ ਬਾਰੇ ਮਾਨਤਾ ਪ੍ਰਾਪਤ ਪੇਸ਼ਾਵਰ ਉਹ ਵਿਅਕਤੀ ਹੁੰਦਾ ਹੈ ਜੋ ਇਹ ਫੈਸਲਾ ਕਰਨ ਵਿੱਚ ਸਹਾਇਤਾ ਕਰਦਾ ਹੈ, ਕਿ ਕੀ ਲੋਕਾਂ ਨੂੰ ਹਸਪਤਾਲ ਵਿੱਚ ਰੱਖੇ ਜਾਣ ਦੀ ਜ਼ਰੂਰਤ ਹੈ ਕਿ ਨਹੀਂ।

ਜੇ ਡਾਕਟਰ ਅਤੇ ਮਾਨਸਿਕ ਸਿਹਤ ਦਾ ਮਾਨਤਾ ਪ੍ਰਪਾਤ ਪੇਸ਼ਾਵਰ ਇਸ ਬਾਰੇ ਸਹਿਮਤ ਹੋਣ ਕਿ ਤੁਹਾਨੂੰ ਹਸਪਤਾਲ ਵਿੱਚ ਰੱਖੇ ਜਾਣ ਦੀ ਜ਼ਰੂਰਤ ਹੈ ਤਾਂ ਉਨ੍ਹਾਂ ਦੇ ਫੈਸਲੇ ਦੀ ਪੁਸ਼ਟੀ ਕਰਨ ਲਈ, ਇਕ ਦੂਜੇ ਡਾਕਟਰ ਨੂੰ ਤੁਹਾਨੂੰ ਵੇਖਣ ਲਈ ਕਿਹਾ ਜਾ ਸਕਦਾ ਹੈ।

ਇਸ ਸਮੇਂ ਦੌਰਾਨ, ਤੁਹਾਨੂੰ ਉਦੋਂ ਤਕ ਇਥੋਂ ਨਹੀਂ ਜਾਣਾ ਚਾਹੀਦਾ ਜਦੋਂ ਤਕ ਤੁਹਾਨੂੰ ਇਹ ਨਾ ਕਿਹਾ ਜਾਏ ਕਿ ਤੁਸੀਂ ਜਾ ਸਕਦੇ ਹੋ। ਜੇ ਤੁਸੀਂ ਜਾਣ ਦੀ ਕੋਸ਼ਿਸ਼ ਕਰੋਗੇ ਤਾਂ ਸਟਾਫ਼ ਤੁਹਾਨੂੰ ਰੋਕ ਸਕਦਾ ਹੈ ਅਤੇ ਜੇ ਤੁਸੀਂ ਚਲੇ ਜਾਂਦੇ ਹੋ ਤਾਂ ਤੁਹਾਨੂੰ ਵਾਪਸ ਲਿਆਇਆ ਜਾ ਸਕਦਾ ਹੈ।

ਜੇ ਡਾਕਟਰ ਅਤੇ ਮਾਨਸਿਕ ਸਿਹਤ ਦੇ ਮਾਨਤਾ ਪ੍ਰਾਪਤ ਪੇਸ਼ਾਵਰ ਨੇ ਤੁਹਾਨੂੰ 72 ਘੰਟੇ ਖ਼ਤਮ ਹੋਣ ਤਕ ਨਹੀਂ ਵੇਖਿਆ ਹੋਏਗਾ ਤਾਂ ਤੁਸੀਂ ਇੱਥੋਂ ਜਾਣ ਲਈ ਆਜ਼ਾਦ ਹੋ। ਤੁਸੀਂ ਆਪਣੀ ਮਰਜ਼ੀ ਨਾਲ ਇੱਥੇ ਇੱਕ ਮਰੀਜ਼ ਵਜੋਂ ਰਹਿਣ ਦਾ ਫੈਸਲਾ ਕਰ ਸਕਦੇ ਹੋ। ਪਰ ਜੇ ਤੁਸੀਂ ਇੱਥੋ ਨਹੀਂ ਜਾਣਾ ਚਾਹੁੰਦੇ ਤਾਂ ਕਿਰਪਾ ਕਰਕੇ ਪਹਿਲਾਂ ਸਟਾਫ਼ ਤੇ ਇੱਕ ਮੈਂਬਰ ਨਾਲ ਗੱਲ ਕਰੋ।

ਤੁਹਾਡੇ ਕੇਸ ਵਿੱਚ 72 ਘੰਟੇ ਇਸ ਸਮੇਂ ਖ਼ਤਮ ਹੁੰਦੇ ਹਨ :

| ਤਾਰੀਖ਼ | ਸਮਾਂ |
|---|---|

## ਇਸਤੋਂ ਅੱਗੇ ਕੀ ਹੁੰਦਾ ਹੈ ?

ਜਦੋਂ ਡਾਕਟਰ ਅਤੇ ਮਾਨਸਿਕ ਸਿਹਤ ਬਾਰੇ ਮਾਨਤਾ ਪ੍ਰਾਪਤ ਪੇਸ਼ਾਵਰ ਤੁਹਾਡਾ ਮੁਆਇਨਾ ਕਰ ਲੈਣਗੇ ਜਾ ਤੁਹਾਨੂੰ ਵੇਖ ਲੈਣਗੇ ਤਾਂ ਉਹ ਕਹਿ ਸਕਦੇ ਹਨ, ਕਿ ਤੁਹਾਨੂੰ ਹਸਪਤਾਲ ਵਿੱਚ ਹੋਰ ਵੱਧ ਸਮੇਂ ਲਈ ਰਹਿਣ ਦੀ ਜ਼ਰੂਰਤ ਹੈ। ਉਹ ਤੁਹਾਨੂੰ ਦੱਸਣਗੇ ਕਿ ਜ਼ਰੂਰਤ ਕਿਉਂ ਹੈ ਅਤੇ ਤੁਹਾਨੂੰ ਇੱਥੇ ਕਿੰਨੀ ਦੇਰ ਹੋਰ ਰਹਿਣਾ ਪੈ ਸਕਦਾ ਹੈ। ਤੁਹਾਨੂੰ ਇੱਕ ਹੋਰ ਲੀਫ਼ਲੈਟ ਦਿੱਤਾ ਜਾਏਗਾ, ਜਿਸ ਵਿੱਚ ਦੱਸਿਆ ਜਾਏਗਾ, ਕਿ ਕੀ ਹੋਏਗਾ।

ਜੇ ਉਹ ਇਹ ਫੈਸਲਾ ਕਰਦੇ ਹਨ, ਕਿ ਤੁਹਾਨੂੰ ਇੱਥੇ ਨਹੀਂ ਠਹਿਰਨਾ ਪਏਗਾ ਤਾਂ ਤੁਹਾਡੇ ਨਾਲ ਕੋਈ ਇਸ ਬਾਰੇ ਗੱਲ ਕਰੇਗਾ ਕਿ ਤੁਹਾਨੂੰ ਹੋਰ ਕਿਹੋ ਜਿਹੀ ਸਹਾਇਤਾ ਚਾਹੀਦੀ ਹੈ।

## ਕੀ ਮੈਂ ਅਪੀਲ ਕਰ ਸਕਦਾ / ਸਕਦੀ ਹਾਂ ?

ਨਹੀਂ। ਜੇ ਤੁਸੀਂ ਇਸ ਗੱਲ ਨਾਲ ਸਹਿਮਤ ਨਹੀਂ ਵੀ ਹੁੰਦੇ ਕਿ ਤੁਹਾਨੂੰ ਹਸਪਤਾਲ ਵਿੱਚ ਰਹਿਣ ਦੀ ਲੋੜ ਹੈ, ਤਾਂ ਵੀ ਤੁਸੀਂ ਸੈਕਸ਼ਨ 136 ਤਹਿਤ, ਇੱਥੇ ਰੱਖੇ ਜਾਣ ਦੇ ਫੈਸਲੇ ਵਿਰੁੱਧ ਅਪੀਲ ਨਹੀਂ ਕਰ ਸਕਦੇ।

## ਕੀ ਮੇਰਾ ਇਲਾਜ ਕੀਤਾ ਜਾਏਗਾ ?

ਹਸਪਤਾਲ ਦਾ ਸਟਾਫ਼ ਤੁਹਾਨੂੰ ਅਜਿਹੇ ਕਿਸੇ ਇਲਾਜ ਬਾਰੇ ਦੱਸਣਗੇ ਜਿਸ ਲਈ ਉਹ ਸੋਚਦੇ ਹਨ, ਕਿ ਤੁਹਾਨੂੰ ਜ਼ਰੂਰਤ ਹੈ। ਜਿਹੜਾ ਇਲਾਜ ਤੁਸੀਂ ਨਹੀਂ ਚਾਹੁੰਦੇ, ਉਸ ਨੂੰ ਇਨਕਾਰ ਕਰਨ ਦਾ ਤੁਹਾਡਾ ਅਧਿਕਾਰ ਹੈ। ਸਿਰਫ਼ ਵਿਸ਼ੇਸ਼ ਹਾਲਾਤ ਵਿੱਚ, ਜਿਨ੍ਹਾਂ ਬਾਰੇ ਤੁਹਾਨੂੰ ਸਮਝਾ ਦਿੱਤਾ ਜਾਏਗਾ, ਤੁਹਾਨੂੰ ਉਹ ਇਲਾਜ ਦਿੱਤਾ ਜਾ ਸਕਦਾ ਹੈ, ਜਿਸ ਲਈ ਤੁਸੀਂ ਸਹਿਮਤ ਨਾ ਹੋਵੋ।

## ਆਪਣੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਨੂੰ ਖ਼ਬਰ ਦੇਣੀ

ਇਸ ਲੀਫ਼ਲੈਟ ਦੀ ਇੱਕ ਕਾਪੀ ਉਸ ਵਿਅਕਤੀ ਨੂੰ ਦਿੱਤੀ ਜਾਏਗੀ, ਜਿਸ ਬਾਰੇ ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਕਹੇਗਾ, ਕਿ ਉਹ ਤੁਹਾਡਾ ਸਭ ਤੋਂ ਵੱਧ ਨਜ਼ਦੀਕੀ ਰਿਸ਼ਤੇਦਾਰ ਹੈ।

ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਵਿੱਚ ਉਨ੍ਹਾਂ ਲੋਕਾਂ ਦੀ ਸੂਚੀ ਹੈ, ਜਿਨ੍ਹਾਂ ਨੂੰ ਰਿਸ਼ਤੇਦਾਰ ਸਮਝਿਆ ਜਾਂਦਾ ਹੈ। ਆਮ ਤੌਰ ਤੇ ਸੂਚੀ ਵਿੱਚ ਸਭ ਤੋਂ ਉੱਪਰ ਉਹ ਵਿਅਕਤੀ ਹੁੰਦਾ ਹੈ, ਜੋ ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਹੈ। ਹਸਪਤਾਲ ਸਟਾਫ਼ ਤੁਹਾਨੂੰ ਇੱਕ ਲੀਫ਼ਲੈਟ ਦੇਂਦਾ ਹੈ, ਜਿਸ ਵਿੱਚ ਇਸ ਅਤੇ ਇਹ ਕਿ ਤੁਹਾਡੀ ਦੇਖਭਾਲ ਅਤੇ ਇਲਾਜ ਦੇ ਸੰਬੰਧ ਵਿੱਚ ਤੁਹਾਡੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਦੇ ਕੀ ਅਧਿਕਾਰ ਹਨ, ਬਾਰੇ ਦੱਸਿਆ ਗਿਆ ਹੈ।

ਤੁਹਾਡੇ ਕੇਸ ਵਿੱਚ ਸਾਨੂੰ ਦੱਸਿਆ ਗਿਆ ਹੈ, ਕਿ ਤੁਹਾਡਾ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਹੈ :

ਜੇ ਤੁਸੀਂ ਨਹੀਂ ਚਾਹੁੰਦੇ ਕਿ ਇਸ ਵਿਅਕਤੀ ਨੂੰ ਇਸ ਲੀਫ਼ਲੈਟ ਦੀ ਇੱਕ ਕਾਪੀ ਮਿਲੇ ਤਾਂ ਕਿਰਪਾ ਕਰਕੇ ਆਪਣੀ ਨਰਸ ਜਾਂ ਸਟਾਫ਼ ਦੇ ਕਿਸੇ ਹੋਰ ਮੈਂਬਰ ਨੂੰ ਦੱਸੋ।

## ਆਪਣੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਨੂੰ ਬਦਲਣਾ

ਜੇ ਤੁਸੀਂ ਸੋਚਦੇ ਹੋ, ਕਿ ਇਹ ਵਿਅਕਤੀ ਤੁਹਾਡੇ ਸਭ ਤੋਂ ਨਜ਼ਦੀਕੀ ਰਿਸ਼ਤੇਦਾਰ ਵਜੋਂ ਉਚਿਤ ਨਹੀਂ ਤਾਂ ਤੁਸੀਂ ਕਾਉਂਟੀ ਕੋਰਟ ਕੋਲ ਉਸਦੀ ਬਜਾਏ, ਕਿਸੇ ਹੋਰ ਵਿਅਕਤੀ ਨੂੰ ਸਭ ਤੋਂ ਵੱਧ ਨਜ਼ਦੀਕੀ ਰਿਸ਼ਤੇਦਾਰ ਮੰਨਣ ਲਈ ਅਰਜ਼ੀ ਦੇ ਸਕਦੇ ਹੋ। ਹਸਪਤਾਲ ਦਾ ਸਟਾਫ਼ ਤੁਹਾਨੂੰ ਇੱਕ ਲੀਫ਼ਲੈਟ ਦੇ ਸਕਦਾ ਹੈ, ਜਿਸ ਵਿੱਚ ਇਹ ਗੱਲ ਖੋਲ੍ਹ ਕੇ ਦੱਸੀ ਗਈ ਹੈ।

## ਤੁਹਾਡੀਆਂ ਚਿੱਠੀਆਂ

ਜਦੋਂ ਤੁਸੀਂ ਹਸਪਤਾਲ ਵਿੱਚ ਹੋ, ਤੁਹਾਨੂੰ ਭੇਜੀਆਂ ਗਈਆਂ ਸਭ ਚਿੱਠੀਆਂ ਤੁਹਾਨੂੰ ਦਿੱਤੀਆਂ ਜਾਣਗੀਆਂ। ਤੁਸੀਂ ਸਿਵਾਏ ਉਨ੍ਹਾਂ ਦੇ ਜਿਨ੍ਹਾਂ ਨੇ ਕਿਹਾ ਹੈ ਕਿ ਉਹ ਤੁਹਾਡੇ ਵਲੋਂ ਚਿੱਠੀਆਂ ਨਹੀਂ ਚਾਹੁੰਦੇ, ਕਿਸੇ ਨੂੰ ਵੀ ਚਿੱਠੀਆਂ ਭੇਜ ਸਕਦੇ ਹੋ। ਹਸਪਤਾਲ ਦਾ ਸਟਾਫ਼ ਇਨ੍ਹਾਂ ਲੋਕਾਂ ਨੂੰ ਚਿੱਠੀ ਲਿਖਣਾ ਬੰਦ ਵੀ ਕਰ ਸਕਦਾ ਹੈ।

## ਪ੍ਰੈਕਟਸ ਦਾ ਜ਼ਾਬਤਾ

ਪ੍ਰੈਕਟਸ ਦਾ ਇੱਕ ਜ਼ਾਬਤਾ ਹੈ, ਜਿਸ ਨਾਲ ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਅਤੇ ਮਾਨਸਿਕ ਗੜਬੜੀ ਵਾਲੇ ਲੋਕਾਂ ਦੇ ਇਲਾਜ ਕਰਨ ਬਾਰੇ ਹਸਪਤਾਲ ਦੇ ਸਟਾਫ਼ ਨੂੰ ਸਲਾਹ ਦਿੱਤੀ ਜਾਂਦੀ ਹੈ। ਸਟਾਫ਼ ਜਦੋਂ ਤੁਹਾਡੀ ਦੇਖਭਾਲ ਬਾਰੇ ਫੈਸਲੇ ਕਰਦਾ ਹੈ, ਤਾਂ ਉਨ੍ਹਾਂ ਨੂੰ ਇਹ ਵੇਖਣਾ ਪੈਂਦਾ ਹੈ ਕਿ ਜ਼ਾਬਤਾ ਇਸ ਬਾਰੇ ਕੀ ਕਹਿੰਦਾ ਹੈ। ਜੇ ਤੁਸੀਂ ਚਾਹੋ ਤਾਂ ਤੁਸੀਂ ਇਸ ਦੀ ਇੱਕ ਕਾਪੀ ਵੇਖ ਸਕਦੇ ਹੋ।

## ਮੈਂ ਸ਼ਿਕਾਇਤ ਕਿਸ ਤਰ੍ਹਾਂ ਕਰਾਂ ?

ਜੇ ਤੁਸੀਂ ਹਸਪਤਾਲ ਵਿੱਚ ਹੋ ਰਹੀ ਆਪਣੀ ਦੇਖਭਾਲ ਅਤੇ ਇਲਾਜ ਸੰਬੰਧੀ ਕਿਸੇ ਗੱਲ ਬਾਰੇ ਸ਼ਿਕਾਇਤ ਕਰਨੀ ਚਾਹੁੰਦੇ ਹੋ ਤਾਂ ਸਟਾਫ਼ ਦੇ ਕਿਸੇ ਮੈਂਬਰ ਨਾਲ ਗੱਲ ਕਰੋ। ਹੋ ਸਕਦਾ ਹੈ, ਕਿ ਉਹ ਮਾਮਲੇ ਨੂੰ ਸੁਲਝਾ ਲੈਣ। ਉਹ ਤੁਹਾਨੂੰ ਸ਼ਿਕਾਇਤ ਦੇ ਅਮਲ ਬਾਰੇ ਵੀ ਜਾਣਕਾਰੀ ਦੇ ਸਕਦੇ ਹਨ, ਜਿਸਨੂੰ ਤੁਸੀਂ ਆਪਣੀ ਸ਼ਿਕਾਇਤ ਨੂੰ ਸੁਲਝਾਣ ਲਈ ਜਿਸਨੂੰ ਸਥਾਨਕ ਮਤਾ ਕਹਿੰਦੇ ਹਨ, ਰਾਹੀਂ ਇਸਤੇਮਾਲ ਕਰਨ ਦੀ ਕੋਸ਼ਿਸ਼ ਕਰ ਸਕਦੇ ਹੋ। ਉਹ ਤੁਹਾਨੂੰ ਉਨ੍ਹਾਂ ਹੋਰ ਲੋਕਾਂ ਬਾਰੇ ਵੀ ਦੱਸ ਸਕਦੇ ਹਨ, ਜੋ ਤੁਹਾਨੂੰ ਸ਼ਿਕਾਇਤ ਕਰਨ ਵਿੱਚ ਸਹਾਇਤਾ ਕਰ ਸਕਦੇ ਹਨ।

ਜੇ ਤੁਸੀਂ ਮਹਿਸੂਸ ਕਰਦੇ ਹੋ, ਕਿ ਹਸਪਤਾਲ ਦਾ ਸ਼ਿਕਾਇਤਾਂ ਦਾ ਅਮਲ ਤੁਹਾਡੀ ਸਹਾਇਤਾ ਨਹੀਂ ਕਰ ਸਕਦਾ ਤਾਂ ਤੁਸੀਂ ਇੱਕ ਸੁਤੰਤਰ ਕਮਿਸ਼ਨ ਕੋਲ ਵੀ ਸ਼ਿਕਾਇਤ ਕਰ ਸਕਦੇ ਹੋ। ਕਮਿਸ਼ਨ ਇਹ ਯਕੀਨੀ ਬਣਾਉਣ ਲਈ ਕਿ 1983 ਦਾ ਮੈਂਟਲ ਹੈਲਥ ਐਕਟ (ਮਾਨਸਿਕ ਸਿਹਤ ਬਾਰੇ ਕਾਨੂੰਨ) ਦਾ ਇਸਤੇਮਾਲ ਠੀਕ ਤਰ੍ਹਾਂ ਹੋਵੇ, ਅਤੇ ਮਰੀਜ਼ ਜਿੰਨੀ ਦੇਰ ਹਸਪਤਾਲ ਵਿੱਚ ਹੋਣ, ਉਨ੍ਹਾਂ ਦੀ ਦੇਖਭਾਲ ਸਹੀ ਢੰਗ ਨਾਲ ਹੋਵੇ, ਇਹ ਨਿਗਰਾਨੀ ਕਰਦਾ ਹੈ ਕਿ ਇਸ ਕਾਨੂੰਨ ਦਾ ਇਸਤੇਮਾਲ ਕਿਸ ਤਰ੍ਹਾਂ ਕੀਤਾ

ਜਾਂਦਾ ਹੈ। ਹਸਪਤਾਲ ਦਾ ਸਟਾਫ਼ ਤੁਹਾਨੂੰ ਇੱਕ ਲੀਫ਼ਲੈਟ ਦੇ ਸਕਦੇ ਹਨ, ਜਿਸ ਵਿੱਚ ਦੱਸਿਆ ਗਿਆ ਹੈ, ਕਿ ਕਮਿਸ਼ਨ ਨਾਲ ਸੰਪਰਕ ਕਿਵੇਂ ਕਰਨਾ ਹੈ।

## ਹੋਰ ਵੱਧ ਸਹਾਇਤਾ ਲਈ ਜਾਣਕਾਰੀ

ਜੇ ਤੁਹਾਡੀ ਦੇਖਭਾਲ ਅਤੇ ਇਲਾਜ ਬਾਰੇ ਕੋਈ ਅਜਿਹੀ ਗੱਲ ਹੈ, ਜੋ ਤੁਹਾਨੂੰ ਸਮਝ ਨਹੀਂ ਆ ਰਹੀ ਤਾਂ ਸਟਾਫ਼ ਦਾ ਇੱਕ ਮੈਂਬਰ ਤੁਹਾਡੀ ਸਹਾਇਤਾ ਕਰਨ ਦੀ ਕੋਸ਼ਿਸ਼ ਕਰੇਗਾ। ਜੇ ਇਸ ਲੀਫ਼ਲੈਟ ਵਿੱਚ ਕੁਝ ਅਜਿਹਾ ਹੋਵੇ, ਜੋ ਤੁਹਾਡੀ ਸਮਝ ਵਿੱਚ ਨਹੀਂ ਆ ਰਿਹਾ ਜਾਂ ਤੁਹਾਡੇ ਕੋਈ ਹੋਰ ਸਵਾਲ ਹਨ, ਜਿਨ੍ਹਾਂ ਦੇ ਜਵਾਬ ਇਸ ਲੀਫ਼ਲੈਟ ਵਿੱਚ ਨਹੀਂ ਦਿੱਤੇ ਗਏ, ਤਾਂ ਕਿਰਪਾ ਕਰਕੇ ਸਟਾਫ਼ ਦੇ ਇੱਕ ਮੈਂਬਰ ਨੂੰ ਸਮਝਾਉਣ ਲਈ ਕਹੋ।

ਜੇ ਤੁਹਾਨੂੰ ਲੀਫ਼ਲੈਟ ਦੀ ਇੱਕ ਹੋਰ ਕਾਪੀ ਕਿਸੇ ਹੋਰ ਲਈ ਚਾਹੀਦੀ ਹੋਵੇ, ਤਾਂ ਕਿਰਪਾ ਕਰਕੇ ਕੇ ਉਸ ਲਈ ਕਹੋ।